# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ: 9-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮੀ ਨਵੀਂ ਦਿੱਲੀ 'ਚ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ ਸਿਖਰ ਸੰਮੇਲਨ ਦੇ ਸਮਾਪਤੀ ਸਮਾਗਮ ਵਿੱਚ ਸ਼ਾਮਲ ਹੋਣਗੇ।

- ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅੱਜ ਸਿੰਗਾਪੁਰ ਦੇ ਤਿੰਨ-ਦਿਨਾਂ ਸਰਕਾਰੀ ਦੌਰੇ 'ਤੇ ਰਵਾਨਾ ਹੋ ਗਏ ਨੇ। ਉਹ ਸਿੰਗਾਪੁਰ ਦੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕਰਨਗੇ।

- ਦਿੱਲੀ ਪੁਲਿਸ ਨੇ ਭਲਕੇ ਜੰਤਰ-ਮੰਤਰ ਵਿਖੇ 'Cockroach Janta Party' (CJP) ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਨੂੰ ਮਨਜ਼ੂਰੀ ਦੇਣ ਤੋਂ ਇਨਕਾਰ ਕਰ ਦਿੱਤਾ ਏ।

- ਅਮਰੀਕਾ ਵਿੱਚ, ਟਰੰਪ ਪ੍ਰਸ਼ਾਸਨ ਨੇ ਅੱਠ ਵੱਡੀਆਂ ਤਕਨਾਲੋਜੀ ਅਤੇ ਆਊਟਸੋਰਸਿੰਗ ਕੰਪਨੀਆਂ ਲਈ ਰੁਜ਼ਗਾਰ-ਆਧਾਰਿਤ ਗ੍ਰੀਨ ਕਾਰਡ ਪ੍ਰਕਿਰਿਆ 'ਤੇ ਰੋਕ ਲਗਾਉਣ ਦਾ ਐਲਾਨ ਕੀਤਾ ਏ।

- ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ 20-20 ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਸ਼ਾਮੀਂ ਰਾਂਚੀ ਵਿੱਚ ਖੇਡਿਆ ਜਾਵੇਗਾ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮੀ ਨਵੀਂ ਦਿੱਲੀ 'ਚ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਕਰਵਾਏ ਜਾ ਰਹੇ ਦੋ-ਰੋਜ਼ਾ ਸੰਮੇਲਨ ਦੇ ਸਮਾਪਤੀ ਸਮਾਗਮ ਵਿੱਚ ਸ਼ਾਮਲ ਹੋਣਗੇ। ਕੱਲ੍ਹ ਸ਼ੁਰੂ ਹੋਏ ਇਸ ਸੰਮੇਲਨ ਵਿੱਚ ਸਾਰੇ ਰਾਜਾਂ ਦੇ ਸਿਆਸੀ ਆਗੂ ਅਤੇ ਮਹਿਲਾ ਤੇ ਬਾਲ ਵਿਕਾਸ ਖੇਤਰ ਨਾਲ ਜੁੜੇ ਅਧਿਕਾਰੀ ਹਿੱਸਾ ਲੈ ਰਹੇ ਨੇ ।

ਇਹ ਪ੍ਰਧਾਨ ਮੰਤਰੀ ਦੇ ਦ੍ਰਿਸ਼ਟੀਕੋਣ ਅਨੁਸਾਰ ਆਯੋਜਿਤ ਕੀਤੇ ਜਾ ਰਹੇ ਖੇਤਰੀ ਸੰਮੇਲਨਾਂ ਦੀ ਲੜੀ ਵਿੱਚ ਦੂਜਾ ਸੰਮੇਲਨ ਏ। ਇਸ ਦਾ ਉਦੇਸ਼ ਸਹਿਯੋਗੀ ਸੰਘਵਾਦ ਨੂੰ ਮਜ਼ਬੂਤ ਕਰਨਾ, ਰਾਸ਼ਟਰੀ ਤਰਜੀਹਾਂ ਪ੍ਰਤੀ ਸਮੂਹਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵਧਾਉਣਾ ਅਤੇ ਕੇਂਦਰ ਤੇ ਰਾਜਾਂ ਵਿਚਕਾਰ ਬਿਹਤਰ ਤਾਲਮੇਲ ਰਾਹੀਂ ਟੀਚਿਆਂ ਦੀ ਪ੍ਰਾਪਤੀ ਵਿੱਚ ਤੇਜ਼ੀ

ਲਿਆਉਣਾ ਹੈ। ਇਹ ਸੰਮੇਲਨ ਚਾਰ ਮੁੱਖ ਵਿਸ਼ਿਆਂ ਪੋਸ਼ਣ, ਮੁੱਢਲੀ ਸਿੱਖਿਆ, ਬਾਲ ਸੁਰੱਖਿਆ, ਅਤੇ ਔਰਤਾਂ ਦੀ ਸੁਰੱਖਿਆ ਤੇ ਸਸ਼ਕਤੀਕਰਨ 'ਤੇ ਕੇਂਦਰਤ ਏ। ਇਸ ਪਹਿਲਕਦਮੀ ਤਹਿਤ, ਕੇਂਦਰ ਅਤੇ ਰਾਜ ਸਰਕਾਰਾਂ ਦੇ ਵੱਖ-ਵੱਖ ਹਿੱਸੇਦਾਰ ਖੇਤਰੀ ਤਰਜੀਹਾਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਇੱਕੋ ਮੰਚ 'ਤੇ ਇਕੱਠੇ ਹੋ ਰਹੇ ਨੇ। ਇਸ ਵਿੱਚ ਬੇਹਤਰੀਨ ਅਭਿਆਸਾਂ ਨੂੰ ਸਾਂਝਾ ਕਰਨ, ਸਕੀਮਾਂ ਨੂੰ ਲਾਗੂ ਕਰਨ ਵਿੱਚ ਆਉਣ ਵਾਲੀਆਂ ਚੁਣੌਤੀਆਂ ਦੇ ਹੱਲ ਅਤੇ ਚੰਗੇ ਸ਼ਾਸਨ ਤੇ ਸੇਵਾ ਪ੍ਰਦਾਨ ਕਰਨ ਦੀ ਪ੍ਰਕਿਰਿਆ ਨੂੰ ਬਿਹਤਰ ਬਣਾਉਣ ਲਈ ਸਮਾਂ-ਬੱਧ ਕਾਰਵਾਈਆਂ 'ਤੇ ਸਹਿਮਤੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਏ।

---------------------------------------------------------

ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅੱਜ ਸਿੰਗਾਪੁਰ ਦੇ ਸਰਕਾਰੀ ਦੌਰੇ 'ਤੇ ਰਵਾਨਾ ਹੋਏ। ਇਸ ਤਿੰਨ-ਰੋਜ਼ਾ ਦੌਰੇ ਦੌਰਾਨ, ਵਿੱਤ ਮੰਤਰੀ ਸਿੰਗਾਪੁਰ ਦੀ ਲੀਡਰਸ਼ਿਪ, ਕਾਰੋਬਾਰੀਆਂ ਅਤੇ ਨਿਵੇਸ਼ਕਾਂ ਨਾਲ ਮੁਲਾਕਾਤ ਕਰਨਗੇ। ਵਿੱਤ ਮੰਤਰੀ ਆਲਮੀ ਨਿਵੇਸ਼ਕਾਂ ਨਾਲ ਕਈ ਉੱਚ-ਪੱਧਰੀ ਮੀਟਿੰਗਾਂ ਕਰਨਗੇ। ਦੌਰੇ ਦੌਰਾਨ, ਸ਼੍ਰੀਮਤੀ ਸੀਤਾਰਮਨ ਸਿੰਗਾਪੁਰ ਦੇ ਰਾਸ਼ਟਰਪਤੀ ਥਰਮਨ ਸ਼ਨਮੁਗਾਰਤਨਮ ਅਤੇ ਪ੍ਰਧਾਨ ਮੰਤਰੀ ਲਾਰੈਂਸ ਵੌਂਗ ਨਾਲ ਮੁਲਾਕਾਤ ਕਰਨਗੇ। ਉਹ ਸਿੰਗਾਪੁਰ ਦੇ ਉਪ ਪ੍ਰਧਾਨ ਮੰਤਰੀ ਗਾਨ ਕਿਮ ਯੌਂਗ ਅਤੇ ਵਿਦੇਸ਼ ਮੰਤਰੀ ਡਾ. ਵਿਵੀਅਨ ਬਾਲਾਕ੍ਰਿਸ਼ਨਨ ਨਾਲ

ਵੀ ਮੁਲਾਕਾਤ ਕਰਨਗੇ। ਇਹ ਗੱਲਬਾਤ ਭਾਰਤ-ਸਿੰਗਾਪੁਰ ਵਿਆਪਕ ਰਣਨੀਤਕ ਭਾਈਵਾਲੀ ਦੇ ਮੁੱਖ ਖੇਤਰਾਂ 'ਤੇ ਕੇਂਦਰਿਤ ਹੋਵੇਗੀ।

-----------------------------------------------

ਸੰਚਾਰ ਮੰਤਰੀ ਜੋਤੀਰਾਦਿੱਤਿਆ ਸਿੰਧੀਆ ਨੇ ਕਿਹਾ ਏ ਕਿ ਪਿਛਲੇ ਇੱਕ ਦਹਾਕੇ ਦੌਰਾਨ, ਭਾਰਤ ਦੇ ਦੂਰ-ਸੰਚਾਰ ਅਤੇ ਡਿਜੀਟਲ ਖੇਤਰਾਂ ਵਿੱਚ ਜ਼ਿਕਰਯੋਗ ਬਦਲਾਅ ਆਇਆ ਏ ਅਤੇ ਦੇਸ਼ ਨੇ ਆਲਮੀ ਪੱਧਰ 'ਤੇ ਆਪਣੀ ਇੱਕ ਵਿਸ਼ੇਸ਼ ਪਛਾਣ ਬਣਾਈ ਏ।

ਨਵੀਂ ਦਿੱਲੀ ਵਿੱਚ 'ਇੰਡੀਆ ਮੋਬਾਈਲ ਕਾਂਗਰਸ' ਦੌਰਾਨ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ੍ਰੀ ਸਿੰਧੀਆ ਨੇ ਕਿਹਾ ਕਿ ਭਾਰਤ ਸਵਦੇਸ਼ੀ 4G ਤਕਨਾਲੋਜੀ ਵਿਕਸਤ ਕਰਨ ਵਾਲਾ ਦੁਨੀਆ ਦਾ ਪੰਜਵਾਂ ਦੇਸ਼ ਬਣ ਗਿਆ ਏ। ਉਨ੍ਹਾਂ ਦੱਸਿਆ ਕਿ ਇੱਕ ਗੀਗਾਬਾਈਟ ਡਾਟਾ ਦੀ ਕੀਮਤ 268 ਰੁਪਏ ਤੋਂ ਘਟ ਕੇ 8 ਰੁਪਏ ਤੋਂ ਵੀ ਘੱਟ ਹੋ ਗਈ ਏ। ਭਾਰਤ ਦਾ ਟੀਚਾ 2030 ਤੱਕ, 5G ਖਪਤਕਾਰਾਂ ਦੀ ਗਿਣਤੀ, 55 ਕਰੋੜ ਤੋਂ ਵਧਾ ਕੇ ਇੱਕ ਅਰਬ ਕਰਨਾ ਏ।

ਉਨ੍ਹਾਂ ਨੇ ਦੱਸਿਆ ਕਿ ਵਿਸ਼ਵ ਪੱਧਰ 'ਤੇ ਹੋਣ ਵਾਲੇ ਰੀਅਲ-ਟਾਈਮ ਡਿਜੀਟਲ ਭੁਗਤਾਨ ਲੈਣ-ਦੇਣ ਵਿੱਚ ਭਾਰਤ ਦਾ ਹਿੱਸਾ 49 ਫੀਸਦੀ ਏ।

ਕੇਂਦਰੀ ਮੰਤਰੀ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ ਨੈੱਟਵਰਕਾਂ ਦੇ ਵਿਸਥਾਰ ਅਤੇ ਸੰਪਰਕ ਨੂੰ ਬਿਹਤਰ ਬਣਾਉਣ 'ਤੇ ਧਿਆਨ ਕੇਂਦਰਿਤ

ਕੀਤਾ ਗਿਆ ਸੀ, ਜਦਕਿ ਆਉਣ ਵਾਲੇ ਦਹਾਕੇ ਵਿੱਚ ਇਨ੍ਹਾਂ ਨੈੱਟਵਰਕਾਂ ਦੀ ਅਸਰਦਾਰ ਵਰਤੋਂ 'ਤੇ ਜ਼ੋਰ ਦਿੱਤਾ ਜਾਵੇਗਾ।

---------------------------------------------------------------

ਕੇਂਦਰੀ ਸੰਚਾਰ ਮੰਤਰੀ ਜੋਤੀਰਾਦਿੱਤਿਆ ਸਿੰਧੀਆ ਨੇ ਵਿਸ਼ਵ ਡਾਕ ਦਿਵਸ 'ਤੇ ਡਾਕ ਵਿਭਾਗ ਦੇ ਕਰਮਚਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਉਨ੍ਹਾਂ ਨੇ ਦੇਸ਼ ਲਈ ਉਨ੍ਹਾਂ ਦੀਆਂ ਸਮਰਪਿਤ ਸੇਵਾਵਾਂ ਲਈ ਵੀ ਧੰਨਵਾਦ ਪ੍ਰਗਟਾਇਆ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ੍ਰੀ ਸਿੰਧੀਆ ਨੇ ਦੁਹਰਾਇਆ ਕਿ ਡਾਕ ਸੇਵਾ ਇੱਕ ਜਨਤਕ ਸੇਵਾ ਏ।

**BYTE: SCINDIA**

ਉਨ੍ਹਾਂ ਕਿਹਾ ਕਿ ਡਿਜੀਟਲ ਸੰਚਾਰ ਦੇ ਇਸ ਦੌਰ ਵਿੱਚ, ਇੰਡੀਆ ਪੋਸਟ ਸੇਵਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਖੁਦ ਨੂੰ ਬਦਲਣ ਦਾ ਯਤਨ ਕਰ ਰਹੀ ਏ।

---------------------------------------------------------------

ਤਾਮਿਲਨਾਡੂ, ਪੁਦੁਚੇਰੀ ਅਤੇ ਪੱਛਮੀ ਬੰਗਾਲ ਦੀਆਂ ਪੰਜ ਵਿਧਾਨ ਸਭਾ ਸੀਟਾਂ ਅਤੇ ਅਸਾਮ ਦੀ ਇੱਕ ਲੋਕ ਸਭਾ ਸੀਟ ਲਈ ਹੋਈਆਂ ਜ਼ਿਮਨੀ ਚੋਣਾਂ ਦੀਆਂ ਵੋਟਾਂ ਦੀ ਅੱਜ ਗਿਣਤੀ ਹੋ ਰਹੀ ਏ।

ਪੁਦੂਚੇਰੀ ਦੀ ਥੱਟਾਨਚਾਵਡੀ ਵਿਧਾਨ ਸਭਾ ਸੀਟ ਲਈ ਜ਼ਿਮਨੀ ਚੋਣ ਦੀ ਵੋਟਾਂ ਦੀ ਗਿਣਤੀ ਮੁਕੰਮਲ ਹੋ ਗਈ ਏ। ਇਥੇ ਆਲ ਇੰਡੀਆ ਐਨ.ਆਰ. ਕਾਂਗਰਸ ਦੇ ਉਮੀਦਵਾਰ, ਅਸ਼ੋਕ ਆਨੰਦ ਨੇ 8 ਹਜ਼ਾਰ 482 ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਹਾਸਲ ਕੀਤੀ ਏ।

ਤਾਮਿਲਨਾਡੂ ਵਿੱਚ ਮਦੁਰੰਤਕਮ ਅਤੇ ਧਾਰਾਪੁਰਮ ਵਿਧਾਨ ਸਭਾ ਸੀਟਾਂ 'ਤੇ ਸੱਤਾਧਾਰੀ ਟੀ.ਵੀ.ਕੇ. ਦੇ ਉਮੀਦਵਾਰ ਅੱਗੇ ਚੱਲ ਰਹੇ ਨੇ।

---------------------------------------------------------------

ਦਿੱਲੀ ਪੁਲਿਸ ਨੇ ਭਲਕੇ ਜੰਤਰ-ਮੰਤਰ ਵਿਖੇ 'Cockroach Janta Party' (CJP) ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਏ। ਅੱਜ ਸਵੇਰੇ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, JOINT ਪੁਲਿਸ ਕਮਿਸ਼ਨਰ ਨੂਪੁਰ ਪ੍ਰਸਾਦ ਨੇ ਦੱਸਿਆ ਕਿ ਜੰਤਰ-ਮੰਤਰ ਵਿਖੇ ਕਿਸੇ ਰੋਸ ਪ੍ਰਦਰਸ਼ਨ ਜਾਂ ਕਿਸੇ ਹੋਰ ਸਮਾਗਮ ਲਈ ਇਜਾਜ਼ਤ ਲੈਣ ਵਾਸਤੇ ਘੱਟੋ-ਘੱਟ 10 ਦਿਨ ਪਹਿਲਾਂ ਅਰਜ਼ੀ ਦੇਣੀ ਲਾਜ਼ਮੀ ਏ।

**BYTE: NUPUR PRASAD**

ਨੂਪੁਰ ਪ੍ਰਸਾਦ ਨੇ ਦੱਸਿਆ ਕਿ CJP ਨੂੰ ਪਹਿਲਾਂ ਇਸ ਸਥਾਨ 'ਤੇ ਵਿਰੋਧ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਦਿੱਤੀ ਗਈ ਸੀ, ਪਰ ਪਾਰਟੀ

ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਤੇ ਆਪਣੇ ਵੱਲੋਂ ਦਿੱਤੇ ਗਏ ਭਰੋਸਿਆਂ ਦੀ ਪਾਲਣਾ ਕਰਨ ਵਿੱਚ, ਨਾਕਾਮ ਰਹੀ ਸੀ।

ਉਨ੍ਹਾਂ ਦੱਸਿਆ ਕਿ ਜਨਤਕ ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ, ਨਵੀਂ ਦਿੱਲੀ ਇਲਾਕੇ ਵਿੱਚ, 'ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ' ਦੀ ਧਾਰਾ 163 ਤਹਿਤ, ਪਾਬੰਦੀਆਂ ਦੇ ਹੁਕਮ ਲਾਗੂ ਨੇ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਦਿੱਲੀ ਪੁਲਿਸ ਕਾਨੂੰਨ ਦੀ ਉਲੰਘਣਾ ਕਰਦੇ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ, ਢੁਕਵੀਂ ਕਾਨੂੰਨੀ ਕਾਰਵਾਈ ਕਰੇਗੀ।

---------------------------------------------------------

ਰੇਲ ਮੰਤਰਾਲੇ ਨੇ ਕਿਹਾ ਏ ਕਿ ਅੱਜ ਦੁਪਹਿਰ 2 ਵਜੇ ਤੋਂ ਬਾਅਦ ਆਪਣੇ ਸ਼ੁਰੂਆਤੀ ਸਟੇਸ਼ਨਾਂ ਤੋਂ ਰਵਾਨਾ ਹੋਣ ਵਾਲੀਆਂ ਅਤੇ ਭਲਕੇ ਤੜਕੇ 4 ਵਜੇ ਤੋਂ ਦੁਪਹਿਰ ਬਾਅਦ 2 ਵਜੇ ਵਿਚਕਾਰ ਨਵੀਂ ਦਿੱਲੀ ਅਤੇ ਹਜ਼ਰਤ ਨਿਜ਼ਾਮੂਦੀਨ ਰੇਲਵੇ ਸਟੇਸ਼ਨਾਂ 'ਤੇ ਪਹੁੰਚਣ ਵਾਲੀਆਂ, ਸਾਰੀਆਂ ਮੇਲ ਅਤੇ ਐਕਸਪ੍ਰੈਸ ਰੇਲਗੱਡੀਆਂ ਰੱਦ ਕਰ ਦਿੱਤੀਆਂ ਗਈਆਂ ਨੇ। ਇਹ ਫੈਸਲਾ ਭਲਕੇ ਦੋਵਾਂ ਰੇਲਵੇ ਸਟੇਸ਼ਨਾਂ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ, ਸੜਕਾਂ 'ਤੇ ਭਾਰੀ ਆਵਾਜਾਈ ਦੀ ਸੰਭਾਵਨਾ ਨੂੰ ਦੇਖਦਿਆਂ ਲਿਆ ਗਿਆ ਏ।

-------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਟੈਰੀਟੋਰੀਅਲ ਆਰਮੀ ਦੇ ਸਥਾਪਨਾ ਦਿਵਸ ਮੌਕੇ, ਇਸ ਦੇ ਸਮੂਹ ਜਵਾਨਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ ਏ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ੍ਰੀ ਸਿੰਘ ਨੇ ਕਿਹਾ ਕਿ ਟੈਰੀਟੋਰੀਅਲ ਆਰਮੀ 'ਨਾਗਰਿਕ ਵੀ ਸੈਨਿਕ ਵੀ' ਦੀ ਭਾਵਨਾ ਦੀ ਇੱਕ ਸ਼ਾਨਦਾਰ ਮਿਸਾਲ ਏ। ਇਹ ਦੇਸ਼ ਦੀ ਸੇਵਾ ਕਰਨ ਲਈ, ਆਮ ਨਾਗਰਿਕਾਂ ਦੇ ਦ੍ਰਿੜ੍ਹ ਸੰਕਲਪ ਨੂੰ ਦਰਸਾਉਂਦਾ ਏ। ਇਸ ਨੇ ਹਿੰਮਤ, ਸਮਰਪਣ ਅਤੇ ਨਿਸਵਾਰਥ ਸੇਵਾ ਦੀਆਂ ਉੱਤਮ ਪਰੰਪਰਾਵਾਂ ਨੂੰ ਕਾਇਮ ਰੱਖਿਆ ਏ।

-------------------------------------------------------

ਅਮਰੀਕਾ ਵਿੱਚ, ਟਰੰਪ ਪ੍ਰਸ਼ਾਸਨ ਨੇ ਅੱਠ ਵੱਡੀਆਂ ਤਕਨਾਲੋਜੀ ਅਤੇ ਆਊਟਸੋਰਸਿੰਗ ਕੰਪਨੀਆਂ ਲਈ ਰੁਜ਼ਗਾਰ-ਆਧਾਰਿਤ ਗ੍ਰੀਨ ਕਾਰਡ ਪ੍ਰਕਿਰਿਆ 'ਤੇ ਰੋਕ ਲਗਾਉਣ ਦਾ ਐਲਾਨ ਕੀਤਾ ਏ। ਇਨ੍ਹਾਂ ਵਿੱਚ Infosys , TCS, Wipro ਅਤੇ HCL ਵਰਗੀਆਂ ਭਾਰਤੀ ਕੰਪਨੀਆਂ ਦੇ ਨਾਲ-ਨਾਲ Cognizant,  Capgemini, Microsoft ਅਤੇ Adobe ਵੀ ਸ਼ਾਮਲ ਨੇ।

ਅਮਰੀਕੀ ਦੇ ਕਿਰਤ ਮੰਤਰੀ, ਕੀਥ ਸੋਂਡਰਲਿੰਗ ਨੇ ਕਿਹਾ ਕਿ ਇਹ ਕਦਮ, ਇਨ੍ਹਾਂ ਕੰਪਨੀਆਂ ਵਿਰੁੱਧ ਚੱਲ ਰਹੀ ਸੰਘੀ ਜਾਂਚ ਦੇ ਮੱਦੇਨਜ਼ਰ ਚੁੱਕਿਆ ਗਿਆ ਏ।

---

ਅਮਰੀਕਾ ਦੇ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਨੇ ਕਿਹਾ ਏ ਕਿ ਅਮਰੀਕਾ ਸਿਰਫ਼ ਅਸਧਾਰਨ ਪ੍ਰਤਿਭਾ ਵਾਲੇ ਵਿਦੇਸ਼ੀ ਪੇਸ਼ੇਵਰਾਂ ਨੂੰ ਹੀ ਆਕਰਸ਼ਿਤ ਕਰਨਾ ਚਾਹੁੰਦਾ ਏ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਅਮਰੀਕੀ ਕਾਮਿਆਂ ਦੀ ਥਾਂ, ਘੱਟ ਉਜਰਤਾਂ 'ਤੇ ਵਿਦੇਸ਼ੀ ਕਾਮਿਆਂ ਨੂੰ ਰੱਖਣ ਲਈ ਇਮੀਗ੍ਰੇਸ਼ਨ ਪ੍ਰੋਗਰਾਮਾਂ ਦੀ ਵਰਤੋਂ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ।

---

ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ 20-20 ਅੰਤਰਰਾਸ਼ਟਰੀ ਲੜੀ ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਰਾਂਚੀ ਵਿੱਚ ਖੇਡਿਆ ਜਾਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮੀ 7 ਵਜੇ ਸ਼ੁਰੂ ਹੋਵੇਗਾ।

ਪਹਿਲਾ ਮੈਚ ਜਿੱਤਣ ਤੋਂ ਬਾਅਦ, ਭਾਰਤ 1-0 ਨਾਲ ਅੱਗੇ ਏ।

---

ਸੁਪਰੀਮ ਕੋਰਟ ਨੇ ਕੇਂਦਰ, ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨਿਰਦੇਸ਼ ਦਿੱਤਾ ਏ ਕਿ, ਉਹ ਮੋਟਰ ਦੁਰਘਟਨਾ Claims ਨਾਲ ਸਬੰਧਤ ਚਾਰ ਡਿਜੀਟਲ ਪਲੇਟਫਾਰਮਾਂ ਨੂੰ ਚਾਰ ਹਫ਼ਤਿਆਂ ਦੇ ਅੰਦਰ-ਅੰਦਰ ਆਪਸ

ਵਿੱਚ ਜੋੜਨ, ਤਾਂ ਜੋ ਬੀਮੇ ਦੇ ਫਰਜ਼ੀ ਦਾਅਵਿਆਂ ਨੂੰ ਰੋਕਿਆ ਜਾ ਸਕੇ ਅਤੇ ਮੁਆਵਜ਼ੇ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਂਦੀ ਜਾ ਸਕੇ।

ਇਨ੍ਹਾਂ ਪਲੇਟਫਾਰਮਾਂ ਵਿੱਚ, e-DAR, Vahan, Sarathi ਅਤੇ Insurance Information Bureau ਸ਼ਾਮਲ ਨੇ।

-----------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮੀ ਨਵੀਂ ਦਿੱਲੀ 'ਚ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ ਸਿਖਰ ਸੰਮੇਲਨ ਦੇ ਸਮਾਪਤੀ ਸਮਾਗਮ ਵਿੱਚ ਸ਼ਾਮਲ ਹੋਣਗੇ।

- ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅੱਜ ਸਿੰਗਾਪੁਰ ਦੇ ਤਿੰਨ-ਦਿਨਾਂ ਸਰਕਾਰੀ ਦੌਰੇ 'ਤੇ ਰਵਾਨਾ ਹੋ ਗਏ ਨੇ। ਉਹ ਸਿੰਗਾਪੁਰ ਦੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕਰਨਗੇ।

- ਦਿੱਲੀ ਪੁਲਿਸ ਨੇ ਭਲਕੇ ਜੰਤਰ-ਮੰਤਰ ਵਿਖੇ 'Cockroach Janta Party' (CJP) ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਨੂੰ ਮਨਜ਼ੂਰੀ ਦੇਣ ਤੋਂ ਇਨਕਾਰ ਕਰ ਦਿੱਤਾ ਏ।

- ਅਮਰੀਕਾ ਵਿੱਚ, ਟਰੰਪ ਪ੍ਰਸ਼ਾਸਨ ਨੇ ਅੱਠ ਵੱਡੀਆਂ ਤਕਨਾਲੋਜੀ ਅਤੇ ਆਊਟਸੋਰਸਿੰਗ ਕੰਪਨੀਆਂ ਲਈ ਰੁਜ਼ਗਾਰ-ਆਧਾਰਿਤ ਗ੍ਰੀਨ ਕਾਰਡ ਪ੍ਰਕਿਰਿਆ 'ਤੇ ਰੋਕ ਲਗਾਉਣ ਦਾ ਐਲਾਨ ਕੀਤਾ ਏ।

- ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ 20-20 ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਸ਼ਾਮੀਂ ਰਾਂਚੀ ਵਿੱਚ ਖੇਡਿਆ ਜਾਵੇਗਾ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮੀਂ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**